# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 26-11-2024**

ਦੇਸ਼ ਅੱਜ ਸੰਵਿਧਾਨ ਨੂੰ ਅਪਣਾਏ ਜਾਣ ਦੀ 75ਵੀਂ ਵਰ੍ਹੇਗੰਢ ਮਨਾ ਰਿਹਾ ਏ। ਇਸ ਦਿਨ ਸੰਵਿਧਾਨ ਨੂੰ ਅਪਣਾਇਆ ਗਿਆ ਸੀ। ਸਰਕਾਰ ਨੇ ਅੱਜ ਤੋਂ ਇਸ ਮੌਕੇ 'ਤੇ ਸਾਲ ਭਰ ਚੱਲਣ ਵਾਲੇ ਜਸ਼ਨ ਦੀ ਸ਼ੁਰੂਆਤ ਕੀਤੀ ਏ। ਇਹ ਜਸ਼ਨ ਪੂਰੇ ਦੇਸ਼ ਵਿੱਚ 26 ਨਵੰਬਰ 2025 ਤੱਕ ਮਨਾਏ ਜਾਣਗੇ। ਅੱਜ, ਸੰਵਿਧਾਨ ਦਿਵਸ ਦੇ ਮੌਕੇ 'ਤੇ, ਦਿੱਲੀ ਦੇ ਸੰਵਿਧਾਨ ਸਦਨ ਦੇ ਸੈਂਟਰਲ ਹਾਲ ਵਿੱਚ ਇੱਕ ਸ਼ਾਨਦਾਰ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿੱਥੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਸੰਸਦ ਦੇ ਦੋਵਾਂ ਸਦਨਾਂ ਨੂੰ ਸੰਬੋਧਨ ਕੀਤਾ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਭਾਰਤੀ ਸੰਵਿਧਾਨ ਨੂੰ ਇੱਕ ਪ੍ਰਗਤੀਸ਼ੀਲ ਦਸਤਾਵੇਜ਼ ਦੱਸਿਆ ਏ, ਜਿਸ ਰਾਹੀਂ ਦੇਸ਼ ਨੇ ਸਮਾਜਿਕ ਨਿਆਂ ਅਤੇ ਸਮਾਵੇਸ਼ੀ ਵਿਕਾਸ ਦੇ ਟੀਚਿਆਂ ਨੂੰ ਪ੍ਰਾਪਤ ਕੀਤਾ ਏ। ਸਮਾਗਮ ਨੂੰ ਸੰਬੋਧਨ ਕਰਦੇ ਹੋਏ, ਰਾਸ਼ਟਰਪਤੀ ਮੁਰਮੂ ਨੇ ਕਿਹਾ

ਕਿ ਸਰਕਾਰ ਨੇ ਸਮਾਜ ਦੇ ਸਾਰੇ ਵਰਗਾਂ, ਖਾਸ ਕਰਕੇ ਕਮਜ਼ੋਰ ਵਰਗਾਂ ਦੀ ਭਲਾਈ ਲਈ, ਹਾਲ ਹੀ ਦੇ ਸਾਲਾਂ ਵਿੱਚ ਕਈ ਉਪਾਅ ਕੀਤੇ ਨੇ । ਉਨ੍ਹਾਂ ਕਿਹਾ ਕਿ ਗਰੀਬਾਂ ਨੂੰ ਆਪਣੇ ਘਰ ਮਿਲ ਰਹੇ ਨੇ ਅਤੇ ਦੇਸ਼ ਵਿੱਚ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ ਵਿਕਸਤ ਕੀਤਾ ਜਾ ਰਿਹਾ ਏ । ਰਾਸ਼ਟਰਪਤੀ ਨੇ ਲੋਕ ਸਭਾ ਅਤੇ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ ਰਾਖਵੇਂਕਰਨ ਨਾਲ ਸਬੰਧਤ ਨਾਰੀ ਸ਼ਕਤੀ ਵੰਦਨ ਅਧਿਨਿਯਮ ਦੇ ਪਾਸ ਹੋਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਮਹਿਲਾ ਸਸ਼ਕਤੀਕਰਨ ਦਾ ਇੱਕ ਨਵਾਂ ਦੌਰ ਸ਼ੁਰੂ ਹੋਇਆ ਏ ।  ਇਸ ਮੌਕੇ 'ਤੇ ਬੋਲਦਿਆਂ ਉਪ ਰਾਸ਼ਟਰਪਤੀ  ਜਗਦੀਪ ਧਨਖੜ ਨੇ ਕਿਹਾ ਕਿ ਇਹ ਮਹੱਤਵਪੂਰਨ ਦਿਨ ਇਤਿਹਾਸਕ ਮੀਲ ਦਾ ਪੱਥਰ ਏ ਕਿਉਂਕਿ ਦੇਸ਼ ਆਪਣੇ ਸੰਵਿਧਾਨ ਨੂੰ ਅਪਣਾਏ 75 ਸਾਲਾਂ ਦਾ ਜਸ਼ਨ ਮਨਾ ਰਿਹਾ ਏ , ਜੋ ਵਿਸ਼ਵ ਦੇ ਸਭ ਤੋਂ ਵੱਡੇ ਅਤੇ ਸਭ ਤੋਂ ਗਤੀਸ਼ੀਲ ਲੋਕਤੰਤਰ ਲਈ ਇੱਕ ਸ਼ਾਨਦਾਰ ਪ੍ਰਾਪਤੀ ਏ । ਉਨ੍ਹਾਂ ਕਿਹਾ ਕਿ ਭਾਰਤ ਸ਼ਾਨਦਾਰ ਆਰਥਿਕ ਵਿਕਾਸ, ਮਜਬੂਤ ਬੁਨਿਆਦੀ ਢਾਂਚੇ, ਵਿਆਪਕ ਡਿਜ਼ੀਟਲ ਅਪਣਾਉਣ ਦੇ ਨਾਲ ਤਰੱਕੀ ਕਰ ਰਿਹਾ ਏ  ਅਤੇ ਸਭ ਨੂੰ ਅੰਤਰ-ਰਾਸ਼ਟਰੀ ਮਾਨਤਾ

ਮਿਲ ਰਹੀ ਏ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇਸ਼ ਦੇ ਲੋਕਾਂ ਦੀ ਸਾਲਾਂ ਦੀ ਤਪੱਸਿਆ, ਕੁਰਬਾਨੀ, ਅਤੇ ਤਾਕਤ ਦਾ ਨਤੀਜਾ ਏ। ਸਮਾਗਮ ਦੌਰਾਨ, ਰਾਸ਼ਟਰਪਤੀ ਨੇ ਭਾਰਤ ਦੇ ਸੰਵਿਧਾਨ ਨੂੰ ਅਪਣਾਉਣ ਦੀ 75ਵੀਂ ਵਰ੍ਹੇਗੰਢ ਨੂੰ ਸਮਰਪਿਤ ਇੱਕ ਯਾਦਗਾਰੀ ਸਿੱਕਾ ਅਤੇ ਇੱਕ ਡਾਕ ਟਿਕਟ ਜਾਰੀ ਕੀਤੀ । ਇਹ ਜਸ਼ਨ 'ਹਮਾਰਾ ਸੰਵਿਧਾਨ, ਹਮਾਰਾ ਸਵਾਭਿਮਾਨ" ਦੀ ਟੈਗਲਾਈਨ ਹੇਠ ਆਯੋਜਿਤ ਕੀਤੇ ਜਾ ਰਹੇ ਨੇ । ਇਸ ਦਾ ਉਦੇਸ਼ ਸੰਵਿਧਾਨ ਦੇ ਸੰਸਥਾਪਕਾਂ ਦੇ ਯੋਗਦਾਨ ਦਾ ਸਨਮਾਨ ਕਰਨਾ ਅਤੇ ਸੰਵਿਧਾਨ ਵਿੱਚ ਦਰਜ ਕਦਰਾਂ ਕੀਮਤਾਂ ਨੂੰ ਦੁਹਰਾਉਣਾ ਏ।

-------------------------------------------------------------------

ਇਸ ਦੌਰਾਨ ਆਕਾਸ਼ਵਾਣੀ ਜਲੰਧਰ ਅਤੇ ਦੂਰਦਰਸ਼ਨ ਜਲੰਧਰ ਵਿਖੇ ਅੱਜ ਸੰਵਿਧਾਨ ਦਿਵਸ ਨੂੰ ਮਨਾਉਂਦੇ ਹੋਏ ਸੰਵਿਧਾਨ ਦੀ ਪ੍ਰਸਤਾਵਨਾ ਪੜੀ ਗਈ । ਇਸ ਮੌਕੇ ਆਕਾਸ਼ਵਾਣੀ ਜਲੰਧਰ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ ਇੰਜੀਅਨਰਿੰਗ ਰਣਜੀਤ ਮੀਨਾ ,ਪ੍ਰੋਗਰਾਮ ਮੁਖੀ ਪਰਮਜੀਤ ਸਿੰਘ ਅਤੇ ਖੇਰਤੀ ਸਮਾਚਾਰ ਇਕਾਈ ਦੇ ਮੁਖੀ ਰਾਜੇਸ਼

ਬਾਲੀ ਸਮੇਤ ਸਾਰੇ ਅਧਿਕਾਰੀ ਤੇ ਕਰਮਚਾਰੀ ਮੌਜੂਦ ਰਹੇ । ਉਧਰ ਦੂਰਦਰਸ਼ਨ ਜਲੰਧਰ ਦੇ ਮੁਖੀ ਡਿਪਟੀ ਡਾਇਰੈਕਟਰ ਜਨਰਲ ਇੰਜੀਅਨਰਿੰਗ RK ਜਰਾਂਗਾਲਦੀ ਅਗਵਾਈ ਵਿਚ ਸਾਰੇ ਅਧਿਕਾਰੀਆ ਤੇ ਕਰਮਚਾਰੀਆ ਨੇ ਪ੍ਰਸਤਾਵਨਾ ਪੜੀ।

-------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਸਰਵਉੱਚ ਅਦਾਲਤ ਵਿੱਚ ਸੰਵਿਧਾਨ ਦਿਵਸ ਸਮਾਗਮ ਵਿੱਚ ਹਿੱਸਾ ਲੈਣਗੇ । ਸ੍ਰੀ ਮੋਦੀ ਇਸ ਮੌਕੇ ਇਕੱਠ ਨੂੰ ਸੰਬੋਧਨ ਵੀ ਕਰਨਗੇ। ਇਸ ਪ੍ਰੋਗਰਾਮ ਦਾ ਆਯੋਜਨ ਸਰਵਉੱਚ ਅਦਾਲਤ ਵੱਲੋਂ ਕੀਤਾ ਜਾ ਰਿਹਾ ਏ । ਪ੍ਰਧਾਨ ਮੰਤਰੀ ਭਾਰਤੀ ਨਿਆਂਪਾਲਿਕਾ 2023-24 ਦੀ ਸਾਲਾਨਾ ਰਿਪੋਰਟ ਵੀ ਜਾਰੀ ਕਰਨਗੇ। ਇਸ ਮੌਕੇ ਕੇਂਦਰੀ ਕਾਨੂੰਨ ਮੰਤਰੀ ਅਰਜੁਨ ਰਾਮ ਮੇਘਵਾਲ, ਚੀਫ਼ ਜਸਟਿਸ ਜਸਟਿਸ ਸੰਜੀਵ ਖੰਨਾ ਅਤੇ ਸੁਪਰੀਮ ਕੋਰਟ ਦੇ ਹੋਰ ਜੱਜ ਮੌਜੂਦ ਰਹਿਣਗੇ।

-------------------------------------------------------------------

ਅੱਜ ਰਾਸ਼ਟਰੀ ਦੁੱਧ ਦਿਵਸ ਹੈ। ਇਹ ਦਿਨ ਦੇਸ਼ ਵਿੱਚ ਸਫੈਦ ਕ੍ਰਾਂਤੀ ਦੇ

ਪਿਤਾਮਾ ਡਾਕਟਰ ਵਰਗੀਸ ਕੁਰੀਅਨ ਦੇ ਜਨਮ ਦਿਨ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਇਸ ਮੌਕੇ ਕੇਂਦਰੀ ਮੱਛੀ ਪਾਲਣ, ਪਸ਼ੂ ਪਾਲਣ ਅਤੇ ਡੇਅਰੀ ਮੰਤਰੀ ਰਾਜੀਵ ਰੰਜਨ ਸਿੰਘ ਨਵੀਂ ਦਿੱਲੀ ਵਿੱਚ ਇੱਕ ਪ੍ਰੋਗਰਾਮ ਵਿੱਚ ਪਸ਼ੂ ਧਨ ਅਤੇ ਡੇਅਰੀ ਖੇਤਰ ਲਈ ਗੋਪਾਲ ਰਤਨ ਪੁਰਸਕਾਰ ਪ੍ਰਦਾਨ ਕਰਨਗੇ।

---------------------------------------------------------------------------

ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ: ਰਵਜੋਤ ਸਿੰਘ ਨੇ ਕੱਲ ਲੁਧਿਆਣਾ ਵਿੱਚ 120 ਕਰੋੜ ਰੁਪਏ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ । ਸਿੱਧਵਾਂ ਨਹਿਰ 'ਤੇ ਲੋਹਾਰਾ ਪੁਲ ਦੀ ਉਸਾਰੀ ਅਤੇ ਜਮਾਲਪੁਰ ਡੰਪ ਸਾਈਟ ਲਗਭਗ 19 ਲਖ  62 ਹਜ਼ਾਰ ਮੀਟ੍ਰਿਕ ਟਨ ਅਤੇ ਜੈਨਪੁਰ ਸਾਈਟ  2 ਲੱਖ ਮੀਟ੍ਰਿਕ ਟਨ ਤੋਂ ਵੱਧ  'ਤੇ ਇਕੱਠੇ ਹੋਏ ਪੁਰਾਣੇ ਰਹਿੰਦ-ਖੂੰਹਦ ਦੇ ਨਿਪਟਾਰੇ ਲਈ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਗਈ । ਇਨ੍ਹਾਂ ਪ੍ਰੋਜੈਕਟਾਂ ਦੀ ਅਨੁਮਾਨਿਤ ਲਾਗਤ ਲਗਭਗ 120 ਕਰੋੜ ਰੁਪਏ ਏ । ਕੈਬਨਿਟ ਮੰਤਰੀ ਡਾ: ਰਵਜੋਤ ਸਿੰਘ ਨੇ ਕਿਹਾ ਕਿ ਪੁਰਾਣੇ ਕੂੜੇ ਦੇ ਨਿਪਟਾਰੇ ਨਾਲ ਸ਼ਹਿਰ ਵਾਸੀਆਂ ਨੂੰ ਬਦਬੂ ਤੋਂ ਰਾਹਤ ਮਿਲੇਗੀ

। ਉਨ੍ਹਾਂ ਕਿਹਾ ਕਿ ਕੂੜਾ ਚੁੱਕਣ ਤੋਂ ਬਾਅਦ ਨਗਰ ਨਿਗਮ ਦੀ ਕਰੀਬ 41 ਏਕੜ ਜ਼ਮੀਨ ਖਾਲੀ ਹੋ ਜਾਵੇਗੀ ਅਤੇ ਇਸ ਦੀ ਵਰਤੋਂ ਸ਼ਹਿਰ ਵਾਸੀਆਂ ਦੀ ਭਲਾਈ ਲਈ ਕੀਤੀ ਜਾਵੇਗੀ।

---------------------------------------------------------------------

ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਯੋਜਨਾ ਤਹਿਤ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਅਤੇ ਅਨੁਸੂਚਿਤ ਜਾਤੀਆਂ ਦੇ 1867 ਲਾਭਪਾਤਰੀਆਂ ਨੂੰ, 9 ਕਰੋੜ 51 ਲਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਏ । ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਜਿਲਾ ਬਰਨਾਲਾ, ਫਰੀਦਕੋਟ, ਹੁਸ਼ਿਆਰਪੁਰ, ਜਲੰਧਰ, ਸ੍ਰੀ ਮੁਕਤਸਰ ਸਾਹਿਬ, ਪਟਿਆਲਾ, ਰੂਪਨਗਰ, ਐਸ. ਏ. ਐਸ. ਨ਼ਗਰ, ਐਸ. ਬੀ. ਐਸ. ਨਗਰ, ਸੰਗਰੂਰ ਅਤੇ ਮਾਲੇਰਕੋਟਲਾ ਦੇ ਸਾਲ 2023-24 ਦੀਆਂ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੇ ਲਾਭਪਾਤਰੀਆਂ ਦੀਆਂ ਬਕਾਇਆ ਦਰਖਾਸਤਾਂ ਸਾਲ 2024-25 ਦੌਰਾਨ ਅਸ਼ੀਰਵਾਦ ਪੋਰਟਲ ਤੇ ਪ੍ਰਾਪਤ ਕੁੱਲ 1331 ਲਾਭਪਾਤਰੀਆਂ ਨੂੰ

6 ਕਰੋੜ 78 ਲਖ ਰੁਪਏ ਜਾਰੀ ਕੀਤੇ ਗਏ ਨੇ । ਉਨ੍ਹਾਂ ਦੱਸਿਆ ਕਿ ਬਠਿੰਡਾ ਦੇ 196, ਰੂਪਨਗਰ ਦੇ 74, ਐਸ.ਏ.ਐਸ.ਨਗਰ ਦੇ 63 ਅਤੇ ਸ਼ਹੀਦ ਭਗਤ ਸਿੰਘ ਨਗਰ ਦੇ 203, ਕੁੱਲ 536 ਲਾਭਪਾਤਰੀਆਂ ਨੂੰ ਵਿੱਤੀ ਲਾਭ ਦਿੱਤਾ ਗਿਆ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਹੋਵੇ ਅਤੇ ਪਰਿਵਾਰ ਦੀ ਸਾਰੇ ਸਾਧਨਾ ਤੋ ਸਲਾਨਾ ਆਮਦਨ 32,790 ਰੁਪਏ ਤੋ ਘੱਟ ਹੋਣੀ ਚਾਹੀਦੀ ਏ । ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਏ । ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਅਤੇ ਉਨ੍ਹਾ ਨੂੰ ਆਰਥਿਕ ਤੌਰ ਤੇ ਹੋਰ ਮਜ਼ਬੂਤ ਕਰਨ ਲਈ ਤੇਜ਼ੀ ਨਾਲ ਕੰਮ ਕਰ ਰਹੀ ਏ ।